# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 07-05-2025**

- ਭਾਰਤੀ ਹਥਿਆਰਬੰਦ ਬਲਾਂ ਨੇ 'ਆਪ੍ਰੇਸ਼ਨ ਸਿੰਦੂਰ' ਵਿਚ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ ਅਤੇ ਕਸ਼ਮੀਰ ਵਿੱਚ, 9 ਦਹਿਸ਼ਤਗਰਦੀ ਟਿਕਾਣਿਆਂ ਨੂੰ ਕੀਤਾ ਤਬਾਹ ।
- ਸਾਰੀਆਂ ਰਾਜਨੀਤਿਕ ਪਾਰਟੀਆਂ ਨੇ, ਭਾਰਤੀ ਫੌਜ ਵਲੋਂ ਕੀਤੇ ਗਏ ਆਪ੍ਰੇਸ਼ਨ ਸਿੰਦੂਰ ਦੀ ਸ਼ਲਾਘਾ ਕੀਤੀ ।
- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਪੰਜਾਬ ਸਮੇਤ ਸਾਰੇ ਸਰਹੱਦੀ ਸੂਬਿਆਂ ਦੇ ਮੁੱਖ ਮੰਤਰੀਆਂ, ਪੁਲਿਸ ਮੁੱਖੀਆਂ ਅਤੇ ਮੁੱਖ ਸਕੱਤਰਾਂ ਨਾਲ ਮੀਟਿੰਗ ਕੀਤੀ।
- ਸਰਹੱਦੀ ਸੂਬੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ -ਦਹਿਸ਼ਤਗਰਦੀ ਖ਼ਿਲਾਫ਼ ਇਸ ਲੜਾਈ ਵਿੱਚ ਪੰਜਾਬ ਸਮੇਤ ਪੂਰਾ ਦੇਸ਼ ਇੱਕਜੁੱਟ ਏ ।

- ਸਰਹੱਦੀ ਸੂਬਾ ਪੰਜਾਬ, ਅੱਜ ਸਿਵਲ ਡਿਫੈਂਸ ਦੀਆਂ ਤਿਆਰੀਆਂ ਦਾ ਮੁਲੰਕਣ ਕਰਨ ਲਈ, ਮੌਕ ਡ੍ਰਿਲ ਵਾਸਤੇ ਪੂਰੀ ਤਰ੍ਹਾਂ ਤਿਆਰ ਏ- ਲੋਕਾਂ ਨੂੰ ਬਿਲਕੁਲ ਵੀ ਨਾ ਘਬਰਾਉਣ ਅਤੇ ਜਾਰੀ ਹਿਦਾਇਤਾਂ ਦੀ ਪਾਲਣ ਕਰਨ ਲਈ ਅਪੀਲ ਕੀਤੀ ਗਈ ਏ।
- ਪਟਿਆਲਾ ਦੇ ਸਮਾਣਾ ਨੇੜੇ ਵਾਪਰੇ ਸੜਕ ਹਾਦਸੇ ਵਿਚ, 6 ਸਕੂਲੀ ਬੱਚਿਆਂ ਸਮੇਤ ਕਾਰ ਡਰਾਈਵਰ ਦੀ ਮੌਤ ਹੋ ਗਈ।

---------------------------------------------------

ਭਾਰਤੀ ਹਥਿਆਰਬੰਦ ਬਲਾਂ ਵੱਲੋਂ ਕੱਲ੍ਹ ਰਾਤ ਸ਼ੁਰੂ ਕੀਤਾ ਗਿਆ ਆਪ੍ਰੇਸ਼ਨ ਸਿੰਦੂਰ 25 ਮਿੰਟ ਤੱਕ ਚੱਲਿਆ ਅਤੇ ਇਸ ਜਵਾਬੀ ਕਾਰਵਾਈ ਵਿੱਚ, ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ ਅਤੇ ਕਸ਼ਮੀਰ ਵਿੱਚ 9 ਦਹਿਸ਼ਤਗਰਦੀ ਟਿਕਾਣਿਆਂ ਨੂੰ ਤਬਾਹ ਕਰ ਦਿੱਤਾ ਗਿਆ। ਇਨ੍ਹਾਂ ਦਹਿਸ਼ਤਗਰਦੀ ਟਿਕਾਣਿਆਂ ਵਿੱਚ ਪਾਕਿਸਤਾਨ ਦੇ ਸਿਆਲਕੋਟ ਵਿੱਚ ਸਰਜਾਲ ਕੈਂਪ, ਮਹਿ-ਮੂਨਾ ਜੋਇਆ ਅਤੇ ਮਰਕਜ਼ ਤਾਇਬਾ ਮੁਰੀਦਕੇ ਅਤੇ ਬਹਾਵਲ-ਪੁਰ ਵਿੱਚ ਮਰਕਜ਼ ਸੁਭਾਨੱਲਾ ਸ਼ਾਮਲ ਸਨ। ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਦੇ ਸਵਾਈ ਨਾਲਾ ਅਤੇ ਮੁਜ਼ੱਫਰਾਬਾਦ ਦੇ ਸੈਯਦ ਨਾ ਬਿਲਾਲ, ਕੋਟਲੀ ਗੁਲਪੁਰ, ਬਿੰਬਰ ਅਤੇ

ਕੋਟਲੀ ਅੱਬਾਸ ਵਿੱਚ ਦਹਿਸ਼ਤਗਰਦੀ  ਟਿਕਾਣਿਆਂ ਨੂੰ ਤਬਾਹ ਕਰ ਦਿੱਤਾ ਗਿਆ। ਨਵੀਂ ਦਿੱਲੀ ਵਿੱਚ ਭਾਰਤੀ ਫੌਜ, ਭਾਰਤੀ ਹਵਾਈ ਫੌਜ ਅਤੇ ਵਿਦੇਸ਼ ਮੰਤਰਾਲੇ ਦੀ ਇੱਕ ਸਾਂਝੀ ਪ੍ਰੈਸ ਕਾਨਫਰੰਸ ਵਿੱਚ, ਭਾਰਤੀ ਫੌਜ ਦੇ ਕਰਨਲ ਸੋਫੀਆ ਕੁਰੈਸ਼ੀ ਅਤੇ ਭਾਰਤੀ ਹਵਾਈ ਫੌਜ ਦੀ ਵਿੰਗ ਕਮਾਂਡਰ ਵਿਓਮਿਕਾ ਸਿੰਘ ਨੇ ਦਸਿਆ ਕਿ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਆਪ੍ਰੇਸ਼ਨ ਸਿੰਦੂਰ ਸ਼ੁਰੂ ਕੀਤਾ ਗਿਆ ਸੀ। ।  BYTE:

ਕਰਨਲ ਸੋਫੀਆ ਕੁਰੈਸ਼ੀ ਅਤੇ ਵਿੰਗ ਕਮਾਂਡਰ ਵਿਓਮਿਕਾ ਸਿੰਘ ਨੇ ਕਿਹਾ ਕਿ ਭਾਰਤੀ ਹਥਿਆਰਬੰਦ ਸੈਨਾ ਪਾਕਿਸਤਾਨ ਦੇ ਕਿਸੇ ਵੀ ਭਵਿੱਖੀ ਹਮਲੇ ਦਾ ਢੁਕਵਾਂ ਜਵਾਬ ਦੇਣ ਲਈ ਪੂਰੀ ਤਰ੍ਹਾਂ ਤਿਆਰ ਏ । ਦਹਿਸ਼ਤਗਰਦੀ  ਕੈਂਪਾਂ ਅਤੇ ਭਾਰਤ ਵਿਰੁੱਧ ਦਹਿਸ਼ਤਗਰਦੀ ਗਤੀਵਿਧੀਆਂ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਦੇ ਵੇਰਵੇ ਦਿੰਦੇ ਹੋਏ, ਕਰਨਲ ਸੋਫੀਆ ਕੁਰੈਸ਼ੀ ਨੇ ਕਿਹਾ ਕਿ ਦਹਿਸ਼ਤਗਰਦੀ  ਟਿਕਾਣਿਆਂ ਦੀ ਚੋਣ ਭਰੋਸੇਯੋਗ ਜਾਣਕਾਰੀ ਅਤੇ ਸਰਹੱਦ ਪਾਰ ਦਹਿਸ਼ਤਗਰਦੀ  ਵਿੱਚ ਉਨ੍ਹਾਂ ਦੀ ਸ਼ਮੂਲੀਅਤ ਦੇ ਆਧਾਰ 'ਤੇ ਕੀਤੀ ਗਈ ਸੀ। ਇਸ ਮੌਕੇ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਪਹਿਲਗਾਮ ਦਹਿਸ਼ਤਗਰਦੀ  ਹਮਲੇ ਦੀ ਜਾਂਚ ਨੇ ਪਾਕਿਸਤਾਨ ਦੇ ਦਹਿਸ਼ਤਗਰਦਾ

ਨਾਲ ਸਬੰਧਾਂ ਦਾ ਪਰਦਾਫਾਸ਼ ਕੀਤਾ ਏ। ਪਹਿਲਗਾਮ ਦਹਿਸ਼ਤਗਰਦੀ ਹਮਲੇ ਦਾ ਹਵਾਲਾ ਦਿੰਦੇ ਹੋਏ, ਵਿਕਰਮ ਮਿਸਰੀ ਨੇ ਕਿਹਾ ਕਿ ਇਸ ਕਾਇਰਤਾਪੂਰਨ ਹਮਲੇ ਦਾ ਉਦੇਸ਼ ਜੰਮੂ-ਕਸ਼ਮੀਰ ਵਿੱਚ ਸੈਰ-ਸਪਾਟੇ ਨੂੰ ਨੁਕਸਾਨ ਪਹੁੰਚਾਉਣਾ ਅਤੇ ਜੰਮੂ-ਕਸ਼ਮੀਰ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਫਿਰਕੂ ਤਣਾਅ ਭੜਕਾਉਣਾ ਸੀ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪਹਿਲਗਾਮ ਘਟਨਾ 2008 ਦੇ ਮੁੰਬਈ ਹਮਲਿਆਂ ਤੋਂ ਬਾਅਦ ਸਭ ਤੋਂ ਗੰਭੀਰ ਵਿਕਰਮ ਹਮਲਾ ਸੀ ਕਿਉਂਕਿ ਇਸ ਵਿੱਚ ਆਮ ਨਾਗਰਿਕਾਂ 'ਤੇ ਹਮਲੇ ਹੋਏ ਸਨ। ਉਨ੍ਹਾਂ ਕਿਹਾ ਕਿ ਪਹਿਲਗਾਮ ਹਮਲੇ ਦੀ ਜ਼ਿੰਮੇਵਾਰੀ ਰੇਜੀਸ-ਟੈਂਸ ਫਰੰਟ ਨਾਮਕ ਇੱਕ ਸਮੂਹ ਨੇ ਲਈ ਏ ਅਤੇ ਇਹ ਸਮੂਹ ਲਸ਼ਕਰ-ਏ-ਤੋਇਬਾ ਨਾਲ ਜੁੜਿਆ ਹੋਇਆ ਏ। ਉਨ੍ਹਾਂ ਕਿਹਾ ਕਿ ਇਸ ਹਮਲੇ ਦੇ ਪਾਕਿਸਤਾਨ ਨਾਲ ਸਬੰਧ ਨੇ। ਉਨ੍ਹਾਂ ਕਿਹਾ ਕਿ ਪਹਿਲਗਾਮ ਹਮਲੇ ਦੇ ਦੋਸ਼ੀਆਂ ਅਤੇ ਸਾਜ਼ਿਸ਼ਕਾਰਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਉਣਾ ਜ਼ਰੂਰੀ ਸਮਝਿਆ ਗਿਆ ਏ।

-----------------------------------------------------------

ਸਾਰੀਆਂ ਰਾਜਨੀਤਿਕ ਪਾਰਟੀਆਂ ਨੇ ਭਾਰਤੀ ਫੌਜ ਦੁਆਰਾ ਕੀਤੇ ਗਏ ਆਪ੍ਰੇਸ਼ਨ ਸਿੰਦੂਰ ਦੀ ਸ਼ਲਾਘਾ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਪਹਿਲਗਾਮ ਵਿੱਚ ਦੇਸ਼ ਦੇ ਮਾਸੂਮ ਭਰਾਵਾਂ ਦੀ ਬੇਰਹਿਮੀ ਨਾਲ ਹੱਤਿਆ

ਦਾ ਭਾਰਤ ਦਾ ਜਵਾਬ ਏ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਭਾਰਤ ਅਤੇ ਇਸਦੇ ਲੋਕਾਂ 'ਤੇ ਕਿਸੇ ਵੀ ਹਮਲੇ ਦਾ ਢੁਕਵਾਂ ਜਵਾਬ ਦੇਣ ਲਈ ਵਚਨਬੱਧ ਏ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੀ ਹਥਿਆਰਬੰਦ ਬਲਾਂ ਦੀ ਪ੍ਰਸ਼ੰਸਾ ਕੀਤੀ ਏ। ਵਿਦੇਸ਼ ਮੰਤਰੀ ਡਾ. S ਜੈਸ਼ੰਕਰ ਨੇ ਕਿਹਾ ਕਿ ਦੁਨੀਆ ਨੂੰ ਦਹਿਸ਼ਤਗਰਦੀ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕਰਨਾ ਚਾਹੀਦਾ। BJP ਪ੍ਰਧਾਨ ਜੇਪੀ ਨੱਡਾ ਨੇ ਕਿਹਾ ਕਿ ਦੇਸ਼ ਦਹਿਸ਼ਤਗਰਦੀ ਨੂੰ ਜੜ੍ਹੋਂ ਪੁੱਟਣ ਦੇ ਸਮਰੱਥ ਅਤੇ ਦ੍ਰਿੜ ਏ। ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਵੀ ਜਵਾਬੀ ਕਾਰਵਾਈ ਦੀ ਪ੍ਰਸ਼ੰਸਾ ਕੀਤੀ ਏ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਉਨ੍ਹਾਂ ਨੂੰ ਹਥਿਆਰਬੰਦ ਸੈਨਾਵਾਂ 'ਤੇ ਮਾਣ ਏ। ਕੁਝ ਹੋਰ ਪਾਰਟੀਆਂ ਨੇ ਵੀ ਇਸ ਕਾਰਵਾਈ ਦੀ ਪ੍ਰਸ਼ੰਸਾ ਕੀਤੀ ਏ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦੁਪਹਿਰ ਬਾਅਦ ਰਾਸ਼ਟਰਪਤੀ ਭਵਨ ਵਿੱਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਇਹ ਮੀਟਿੰਗ ਭਾਰਤ ਵੱਲੋਂ ਆਪ੍ਰੇਸ਼ਨ ਸਿੰਦੂਰ ਸ਼ੁਰੂ ਕਰਨ ਤੋਂ ਕੁਝ ਘੰਟੇ ਬਾਅਦ ਹੋਈ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ

ਨੇ ਕਿਹਾ ਕਿ ਮੀਟਿੰਗ ਦੌਰਾਨ, ਪ੍ਰਧਾਨ ਮੰਤਰੀ ਨੇ ਉਨ੍ਹਾਂ ਨੂੰ ਆਪ੍ਰੇਸ਼ਨ ਸਿੰਦੂਰ ਬਾਰੇ ਜਾਣਕਾਰੀ ਦਿੱਤੀ।

---------------------------------------------------------------

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਸਰਹੱਦੀ ਸੂਬਿਆਂ ਦੇ ਮੁੱਖ ਮੰਤਰੀਆਂ, ਡੀ.ਜੀ.ਪੀ ਅਤੇ ਮੁੱਖ ਸਕੱਤਰਾਂ ਨਾਲ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ। ਜੰਮੂ ਅਤੇ ਕਸ਼ਮੀਰ, ਪੰਜਾਬ, ਰਾਜਸਥਾਨ, ਗੁਜਰਾਤ, ਉੱਤਰਾਖੰਡ, ਉੱਤਰ ਪ੍ਰਦੇਸ਼, ਬਿਹਾਰ, ਸਿੱਕਮ, ਪੱਛਮੀ ਬੰਗਾਲ ਦੇ ਮੁੱਖ ਮੰਤਰੀਆਂ ਅਤੇ ਲੱਦਾਖ ਅਤੇ ਜੰਮੂ ਅਤੇ ਕਸ਼ਮੀਰ ਦੇ ਉਪ ਰਾਜਪਾਲਾਂ ਨੇ ਮੀਟਿੰਗ ਵਿੱਚ ਹਿੱਸਾ ਲਿਆ।

---------------------------------------------------------------

ਜਿਵੇਂ ਕਿ 'ਆਪ੍ਰੇਸ਼ਨ ਸਿੰਦੂਰ' ਨਾਲ ਹਰ ਭਾਰਤੀ ਮਾਣ ਮਹਿਸੂਸ ਕਰ ਰਿਹਾ ਏ ਅਤੇ ਹਥਿਆਰਬੰਦ ਫੌਜਾਂ ਦਾ ਧੰਨਵਾਦੀ ਏ, ਪਾਕਿਸਤਾਨ ਨਾਲ ਲੱਗਦੀ ਪੰਜਾਬ ਸਰਹੱਦ 'ਤੇ ਰਹਿਣ ਵਾਲੇ ਲੋਕ ਗੁਆਂਢੀ ਮੁਲਕ ਵਲੋਂ ਇਸ ਸਰਹੱਦੀ ਸੂਬੇ ਵਿੱਚ ਸ਼ਾਂਤੀ ਭੰਗ ਕਰਨ ਦੀ ਹਿਮਾਕਤ ਕਰਨ ਦੀ ਸੂਰਤ ਵਿਚ ਭਾਰਤੀ ਫੌਜਾਂ ਨੂੰ ਆਪਣੀ ਪੂਰੀ ਹਮਾਇਤ ਦੇਣ ਦਾ ਭਰੋਸਾ ਦੇ ਰਹੇ ਨੇ. **ਪੇਸ਼ ਏ ਇਕ ਰਿਪੋਰਟ** :

*The state has 553kilometer long border with Pakistan. Residents of Amritsar, Tarn Taran, Ferozepur,Fazilka,*

*Gurdaspur and Pathankot who have seen action during 1965 and 1971India-Pakistan war and 1999 Kargil action are ready to stand by the Indian armedforces. :Combined Bytes: The BorderSecurity Force (BSF), which man this fenced border as a first line of defence, isalso prepared to face any eventuality. Official sources have confirmed toAkashvani that the BSF is alert and ready to tackle any eventuality that mightcrop up on boder in view of India's action under 'Opration Sindoor'. The forcehas also decided not to open retreat ceremony at Attarti border for the generalpublic, today. The KartarpurCorridor, opened for pilgrimage to Gurdwara Darbar Sahib in Kartarpur, Pakistanhas also been closed for now. BJP, Congress andall other political parties are supporting the action. Punjab Chief Ministerhas said that Punjab is standing by the armed forces. <><> RajeshBali/Akashvani News/Jalandhar*

-------------------------------------------------

ਸਰਹੱਦੀ ਸੂਬਾ ਪੰਜਾਬ, ਅੱਜ ਸਿਵਲ ਡਿਫੈਂਸ ਦੀਆਂ ਤਿਆਰੀਆਂ ਦਾ ਮੁਲੰਕਣ ਕਰਨ ਲਈ ਇੱਕ ਮੌਕ ਡ੍ਰਿਲ ਕਰਨ ਵਾਸਤੇ ਪੂਰੀ ਤਰ੍ਹਾਂ ਤਿਆਰ ਏ। ਅਜਿਹੇ ਅਭਿਆਸ ਦਾ ਉਦੇਸ਼ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਅਤੇ ਕਿਸੇ ਵੀ ਹਮਲੇ ਦੀ ਸਥਿਤੀ ਵਿੱਚ ਲੋੜੀਂਦੀਆਂ ਸਾਵਧਾਨੀਆਂ ਵਰਤਣਾ ਏ। ਇਹ ਡ੍ਰਿਲ 20 ਜ਼ਿਲ੍ਹਿਆਂ ਵਿੱਚ ਕੀਤੀ ਜਾ ਰਹੀ ਏ , ਜਿਸ ਵਿੱਚ ਸਰਹੱਦੀ ਜ਼ਿਲ੍ਹੇ ਅੰਮ੍ਰਿਤਸਰ, ਫਿਰੋਜ਼ਪੁਰ, ਗੁਰਦਾਸਪੁਰ, ਪਠਾਨਕੋਟ ਅਤੇ ਤਰਨਤਾਰਨ ਸ਼ਾਮਲ ਨੇ ਜੋ ਪਾਕਿਸਤਾਨ ਨਾਲ ਸਰਹੱਦ ਸਾਂਝੀ ਕਰਦੇ ਨੇ। ਡਿਪਟੀ ਕਮਿਸ਼ਨਰਾਂ ਨੇ ਲੋਕਾਂ ਨੂੰ ਦੱਸਿਆ ਏ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਏ ਕਿਉਂਕਿ ਇਹ ਕਿਸੇ ਵੀ ਖ਼ਤਰੇ ਦੇ ਮੱਦੇਨਜ਼ਰ ਵੱਖ-ਵੱਖ ਵਿਭਾਗਾਂ ਵਿਚਕਾਰ ਤਿਆਰੀ ਅਤੇ ਤਾਲਮੇਲ ਦਾ ਮੁਲਾਂਕਣ ਕਰਨ ਲਈ ਇੱਕ ਡ੍ਰਿਲ ਹੈ। ਜਨਤਾ ਨੂੰ ਸੂਚਿਤ ਕੀਤਾ ਗਿਆ ਏ ਕਿ ਸਾਇਰਨ ਵਜਾਉਣ ਤੋਂ ਬਾਅਦ

ਹੋਣ ਵਾਲੇ ਬਲੈਕਆਊਟ ਦੌਰਾਨ ਲਾਈਟਾਂ ਨਾ ਲਗਾਉਣ। ਉਨ੍ਹਾਂ ਨੂੰ ਇਹ ਵੀ ਕਿਹਾ ਗਿਆ ਹੈ ਕਿ ਉਹ ਆਪਣੇ ਨਿਵਾਸੀਆਂ 'ਤੇ ਲਗਾਏ ਗਏ ਸੀਸੀਟੀਵੀ ਕੈਮਰਿਆਂ ਦੀਆਂ ਲਾਈਟਾਂ ਵੀ ਬੰਦ ਕਰਨ। ਜੇਕਰ ਵਾਹਨ ਚਲਾ ਰਹੇ ਹਨ ਤਾਂ ਵਾਹਨਾਂ ਦੀਆਂ ਲਾਈਟਾਂ ਬੰਦ ਕਰੋ ਅਤੇ ਸੜਕ ਦੇ ਕਿਨਾਰੇ ਸੁਰੱਖਿਅਤ ਢੰਗ ਨਾਲ ਪਾਰਕ ਕਰੋ।

ਇਸ ਵਿੱਚ ਹੋਰਾਂ ਦੇ ਨਾਲ ਵੱਡੀ ਗਿਣਤੀ ਵਿੱਚ ਐਨ.ਸੀ.ਸੀ. ਕੈਡੇਟ ਹਿੱਸਾ ਲੈ ਰਹੇ ਨੇ।

---

NCC ਗਰੁੱਪ ਹੈੱਡਕੁਆਰਟਰ ਜਲੰਧਰ ਦੀ ਅਗਵਾਈ ਹੇਠ, 6 ਐੱਨ ਸੀ ਸੀ ਬਟਾਲੀਅਨਾਂ ਦੇ 250 ਵੱਖ-ਵੱਖ ਵਿਦਿਅਕ ਸੰਸਥਾਵਾਂ ਨੇ ਸਿਵਲ ਡਿਫੈਂਸ ਮੌਕ ਡ੍ਰਿਲ ਦਾ ਅਭਿਆਸ ਕੀਤਾ। ਗਰੁੱਪ ਕਮਾਂਡਰ, ਬ੍ਰਿਗੇਡੀਅਰ ਅਜੇ ਤਿਵਾੜੀ, ਸੈਨਾ ਮੈਡਲ ਨੇ ਕਿਹਾ ਕਿ 8 ਹਜ਼ਾਰ ਐੱਨ ਸੀ ਸੀ ਕੈਡਿਟਾਂ ਅਤੇ ਵਿਦਿਆਰਥੀਆਂ ਨੇ ਹੁਸ਼ਿਆਰਪੁਰ, ਕਪੂਰਥਲਾ, ਫਗਵਾੜਾ ਅਤੇ ਜਲੰਧਰ ਵਿੱਚ ਤਿੰਨ ਬਟਾਲੀਅਨਾਂ ਦੇ ਕਾਲਜਾਂ ਅਤੇ ਸਕੂਲਾਂ ਵਿੱਚ ਸਿਵਲ ਡਿਫੈਂਸ ਮੌਕ ਡ੍ਰਿਲ ਦਾ ਅਭਿਆਸ ਕੀਤਾ। ਫੌਜ ਦੇ ਇੰਸਟ੍ਰਕਟਰਾਂ ਅਤੇ ਅਧਿਆਪਕਾਂ ਨੇ ਲੈਕਚਰ ਅਤੇ ਡੈਮੋ ਦਿੱਤੇ। ਕੈਡਿਟਾਂ ਅਤੇ ਵਿਦਿਆਰਥੀਆਂ ਨੂੰ ਵਿਦਿਅਕ ਸੰਸਥਾਵਾਂ ਵਿੱਚ ਜੰਗ ਦੌਰਾਨ

ਹਵਾਈ ਹਮਲਿਆਂ ਤੋਂ ਬਚਣ ਦੇ ਤਰੀਕੇ ਸਿਖਾਏ। ਉਨ੍ਹਾਂ ਦਸਿਆ ਕਈ ਦੇਸ਼ ਦੇ 300 ਜ਼ਿਲ੍ਹਿਆਂ ਵਿੱਚ ਸਿਵਲ ਡਿਫੈਂਸ ਮੌਕ ਡ੍ਰਿਲ ਕੀਤੇ ਗਏ ਅਤੇ ਸਾਰੇ ਨਾਗਰਿਕਾਂ, ਕੈਡਿਟਾਂ ਅਤੇ ਵਿਦਿਆਰਥੀਆਂ ਨੂੰ ਹਵਾਈ ਹਮਲੇ, ਪ੍ਰਮਾਣੂ, ਜੈਵਿਕ ਅਤੇ ਰਸਾਇਣਕ ਯੁੱਧ ਦੀ ਸਥਿਤੀ ਵਿੱਚ ਸੁਰੱਖਿਆ ਦੇ ਤਰੀਕੇ ਸਿਖਾਏ ਗਏ। ਗਰੁੱਪ ਕਮਾਂਡਰ ਨੇ ਸੋਸ਼ਲ ਮੀਡੀਆ 'ਤੇ ਨਕਾਰਾਤਮਕ ਖ਼ਬਰਾਂ ਅਤੇ ਵੀਡੀਓਜ਼ ਤੋਂ ਬਚਣ ਦੀ ਸਲਾਹ ਦਿੱਤੀ। ਸਿਰਫ਼ ਸਰਕਾਰੀ ਚੈਨਲਾਂ ਅਤੇ ਏਜੰਸੀਆਂ ਦੁਆਰਾ ਪ੍ਰਦਾਨ ਕੀਤੀ ਗਈ ਜਾਣਕਾਰੀ ਅਤੇ ਅਪਡੇਟਾਂ 'ਤੇ ਹੀ ਭਰੋਸਾ ਕਰਨ ਨੂੰ ਕਿਹਾ। ਕੈਡਿਟਾਂ ਅਤੇ ਵਿਦਿਆਰਥੀਆਂ ਲਈ ਯੁੱਧ-ਯੰਤਰਾਂ ਅਤੇ ਸਿਵਲ ਰੱਖਿਆ ਦਾ ਗਿਆਨ ਬਹੁਤ ਮਹੱਤਵਪੂਰਨ ਏ ਅਤੇ ਬਹੁਤ ਸਾਰੇ ਕੈਡਿਟ ਇਹ ਆਪਣੀ ਜ਼ਿੰਦਗੀ ਵਿੱਚ ਪਹਿਲੀ ਵਾਰ ਸਿੱਖ ਰਹੇ ਹਨ।

---------------------------------------------------

ਆਪ੍ਰੇਸ਼ਨ ਸਿੰਦੂਰ ਦੇ ਮੱਦੇਨਜ਼ਰ ਬਹੁਤ ਸਾਰੀਆਂ ਘਰੇਲੂ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਨੇ । ਏਅਰ ਇੰਡੀਆ ਨੇ ਜਾਣਕਾਰੀ ਦਿੱਤੀ ਕਿ ਜੰਮੂ, ਸ੍ਰੀਨਗਰ, ਲੇਹ, ਜੋਧਪੁਰ, ਅੰਮ੍ਰਿਤਸਰ, ਭੁੱਜ, ਜਾਮਨਗਰ, ਚੰਡੀਗੜ੍ਹ ਅਤੇ ਰਾਜਕੋਟ ਤੋਂ ਆਉਣ-ਜਾਣ ਵਾਲੀਆਂ ਉਡਾਣਾਂ ਇਸ ਮਹੀਨੇ ਦੀ 10 ਤਰੀਕ ਤੱਕ ਰੱਦ ਕਰ ਦਿੱਤੀਆਂ ਗਈਆਂ ਨੇ । ਇਸ ਦੌਰਾਨ, ਇੰਡੀਗੋ ਨੇ ਅੱਜ ਸ੍ਰੀਨਗਰ, ਜੰਮੂ, ਅੰਮ੍ਰਿਤਸਰ, ਲੇਹ,

ਚੰਡੀਗੜ੍ਹ, ਧਰਮਸ਼ਾਲਾ, ਬੀਕਾਨੇਰ ਅਤੇ ਜੋਧਪੁਰ ਤੋਂ ਆਉਣ-ਜਾਣ ਵਾਲੀਆਂ ਉਡਾਣਾਂ ਵੀ ਰੱਦ ਕਰ ਦਿੱਤੀਆਂ ਨੇ। ਸਾਰੇ ਮੁਸਾਫ਼ਰਾਂ ਨੂੰ ਹਵਾਈ ਅੱਡੇ 'ਤੇ ਜਾਣ ਤੋਂ ਪਹਿਲਾਂ ਆਪਣੀਆਂ ਉਡਾਣਾਂ ਦੀ ਸਥਿਤੀ ਦੀ ਜਾਂਚ ਕਰਨ ਦੀ ਸਲਾਹ ਦਿੱਤੀ ਗਈ ਏ।

---------------------------------------------------

ਉਧਰ ਭਾਰਤੀ ਹਵਾਈ ਸੈਨਾ ਨੇ ਸ੍ਰੀਨਗਰ ਹਵਾਈ ਅੱਡੇ ਨੂੰ ਬੰਦ ਕਰਨ ਦੀ ਪੁਸ਼ਟੀ ਕੀਤੀ ਏ। ਇਸ ਕਾਰਨ, ਅੱਜ ਸਾਰੀਆਂ ਨਾਗਰਿਕ ਉਡਾਣਾਂ ਪੂਰੀ ਤਰ੍ਹਾਂ ਰੱਦ ਕਰ ਦਿੱਤੀਆਂ ਗਈਆਂ ਨੇ। ਹਵਾਈ ਖੇਤਰ ਬੰਦ ਹੋਣ ਕਾਰਨ ਅੱਜ ਸ੍ਰੀਨਗਰ ਹਵਾਈ ਅੱਡੇ ਤੋਂ ਕੋਈ ਵੀ ਨਾਗਰਿਕ ਉਡਾਣ ਨਹੀਂ ਭਰੇਗੀ। ਹੱਜ ਯਾਤਰੀਆਂ ਸਮੇਤ ਸਾਰੇ ਯਾਤਰੀਆਂ ਨੂੰ, ਸਬੰਧਤ ਅਧਿਕਾਰੀਆਂ ਤੋਂ ਉਡਾਣ ਸੰਚਾਲਨ ਦੀ ਸਥਿਤੀ ਬਾਰੇ ਜਾਣਕਾਰੀ ਲੈਣ ਲਈ ਕਿਹਾ ਗਿਆ ਏ।

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਰਹੱਦੀ ਇਲਾਕਿਆਂ ਵਿਚੋਂ ਉਠਾਏ ਜਾ ਰਹੇ ਲੋਕਾਂ ਦੇ ਰਹਿਣ ਲਈ ਸਰਾਵਾਂ ਦੇਣ ਦੀ ਪਹਿਲਕਦਮੀ ਕੀਤੀ ਏ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਰਹੱਦੀ ਖੇਤਰਾਂ ਵਾਲੇ ਇਤਿਹਾਸਕ ਗੁਰਦੁਆਰਾ ਸਾਹਿਬਾਨ

ਅੰਦਰ ਅਜਿਹੇ ਲੋਕਾਂ ਲਈ ਸਰਾਵਾਂ ਰਾਖਵੀਆਂ ਰੱਖਣ ਅਤੇ ਲੰਗਰਾਂ ਦੇ ਪ੍ਰਬੰਧ ਕਰਨ ਦਾ ਹੁਕਮ ਕੀਤਾ ਏ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ-ਪਾਕਿਸਤਾਨ ਵਿਚ ਤਲਖ਼ ਹਾਲਾਤ ਕਰਕੇ ਸਰਹੱਦੀ ਇਲਾਕਿਆਂ ਦੇ ਲੋਕਾਂ ਲਈ ਸਰਾਵਾਂ ਅਤੇ ਲੰਗਰ ਦਾ ਪ੍ਰਬੰਧ ਕਰਨ ਦਾ ਫੈਸਲਾ ਕੀਤਾ ਗਿਆ ਏ ।

---------------------------------------------------

ਪਟਿਆਲਾ ਦੇ ਸਮਾਣਾ ਨੇੜੇ ਵਾਪਰੇ ਸੜਕ ਹਾਦਸੇ 6 ਸਕੂਲੀ ਬੱਚਿਆਂ ਸਮੇਤ ਕਾਰ ਡਰਾਈਵਰ ਦੀ ਮੌਤ ਹੋ ਗਈ ਏ । ਪਟਿਆਲਾ ਤੋਂ ਸਾਡੇ ਪਤਰਕਾਰ ਨੇ ਦਸਿਆ ਕਿ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਸਮਾਣਾ ਤੇ ਆਸ ਪਾਸ ਦੇ ਪਿੰਡਾਂ ਦੇ ਬੱਚਿਆਂ ਨੂੰ ਪਟਿਆਲਾ ਦੇ ਇਕ ਨਿਜੀ ਸਕੂਲ ਤੋਂ ਵਾਪਿਸ ਲਿਆਉਂਦੇ ਸਮੇਂ ਉਨ੍ਹਾਂ ਦੀ ਕਾਰ ਦੀ ਟਿੱਪਰ ਟਰੱਕ ਨਾਲ ਟੱਕਰ ਹੋ ਗਈ । ਪਟਿਆਲਾ ਦੇ SP ਪਲਵਿੰਦਰ ਸਿੰਘ ਚੀਮਾ ਨੇ ਦਸਿਆ ।

BYTE:

---------------------------------------------------

- ਭਾਰਤੀ ਹਥਿਆਰਬੰਦ ਬਲਾਂ ਨੇ 'ਆਪ੍ਰੇਸ਼ਨ ਸਿੰਦੂਰ' ਵਿਚ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ ਅਤੇ

ਕਸ਼ਮੀਰ ਵਿੱਚ, 9 ਦਹਿਸ਼ਤਗਰਦੀ ਟਿਕਾਣਿਆਂ ਨੂੰ ਕੀਤਾ ਤਬਾਹ ।

- ਸਾਰੀਆਂ ਰਾਜਨੀਤਿਕ ਪਾਰਟੀਆਂ ਨੇ, ਭਾਰਤੀ ਫੌਜ ਵਲੋਂ ਕੀਤੇ ਗਏ ਆਪ੍ਰੇਸ਼ਨ ਸਿੰਦੂਰ ਦੀ ਸ਼ਲਾਘਾ ਕੀਤੀ ।
- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਪੰਜਾਬ ਸਮੇਤ ਸਾਰੇ ਸਰਹੱਦੀ ਸੂਬਿਆਂ ਦੇ ਮੁੱਖ ਮੰਤਰੀਆਂ, ਪੁਲਿਸ ਮੁੱਖੀਆਂ ਅਤੇ ਮੁੱਖ ਸਕੱਤਰਾਂ ਨਾਲ ਮੀਟਿੰਗ ਕੀਤੀ।
- ਸਰਹੱਦੀ ਸੂਬੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ -ਦਹਿਸ਼ਤਗਰਦੀ ਖ਼ਿਲਾਫ਼ ਇਸ ਲੜਾਈ ਵਿੱਚ ਪੰਜਾਬ ਸਮੇਤ ਪੂਰਾ ਦੇਸ਼ ਇੱਕਜੁੱਟ ਏ ।
- ਸਰਹੱਦੀ ਸੂਬਾ ਪੰਜਾਬ, ਅੱਜ ਸਿਵਲ ਡਿਫੈਂਸ ਦੀਆਂ ਤਿਆਰੀਆਂ ਦਾ ਮੁਲੰਕਣ ਕਰਨ ਲਈ, ਮੌਕ ਡ੍ਰਿਲ ਵਾਸਤੇ ਪੂਰੀ ਤਰ੍ਹਾਂ ਤਿਆਰ ਏ- ਲੋਕਾਂ ਨੂੰ ਬਿਲਕੁਲ ਵੀ ਨਾ ਘਬਰਾਉਣ ਅਤੇ ਜਾਰੀ ਹਿਦਾਇਤਾਂ ਦੀ ਪਾਲਣ ਕਰਨ ਲਈ ਅਪੀਲ ਕੀਤੀ ਗਈ ਏ ।

- ਪਟਿਆਲਾ ਦੇ ਸਮਾਣਾ ਨੇੜੇ ਵਾਪਰੇ ਸੜਕ ਹਾਦਸੇ ਵਿਚ, 6 ਸਕੂਲੀ ਬੱਚਿਆਂ ਸਮੇਤ ਕਾਰ ਡਰਾਈਵਰ ਦੀ ਮੌਤ ਹੋ ਗਈ ।